**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਕੰਪਲੈਕਸ, ਸੈਕਟਰ-68**
**ਐਸ.ਏ.ਐਸ. ਨਗਰ**

## ਜਨਤਕ ਨੋਟਿਸ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵੱਲੋਂ ਇਸ਼ਤਿਹਾਰ ਨੰ 06 ਆਫ 2023 ਰਾਹੀਂ ਜਾਰੀ ਜੇ.ਈ (ਸਿਵਲ), ਜੇ.ਈ ਸਿਵਲ (ਓ ਅਤੇ ਐਮ) ਅਤੇ ਸੀਨੀਅਰ ਸਹਾਇਕ ਕਮ ਇੰਸਪੈਕਟਰ ਦੀਆਂ 345 ਅਸਾਮੀਆਂ ਦੇ ਇਸ਼ਤਿਹਾਰ ਦੇ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ਵਿੱਚ 06.11.2023 ਤੱਕ ਅਤੇ ਫੀਸ ਭਰਨ ਦੀ ਆਖਰੀ ਮਿਤੀ ਵਿੱਚ 09.11.2023 ਤੱਕ ਦਾ ਵਾਧਾ ਕੀਤਾ ਜਾਂਦਾ ਹੈ।

ਸਹੀ/-
ਸਹਾਇਕ ਡਾਇਰੈਕਟਰ,
ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ।

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**S.S.S. BOARD, PUNJAB**
**ਵਣ ਭਵਨ, ਸੈਕਟਰ-68 ਮੋਹਾਲੀ**

**ਜਨਤਕ ਨੋਟਿਸ**

ਅਧੀਨ ਸੇਵਾਵਾ ਚੋਣ ਬੋਰਡ, ਪੰਜਾਬ ਵੱਲੋਂ ਇਸ਼ਤਿਹਾਰ ਨੰਬਰ 06 ਆਫ 2023 ਰਾਹੀਂ ਜਾਰੀ ਜੇ.ਈ (ਵਸਿਲ), ਜੇ.ਈ ਵਸਿਲ (ਓ ਅਤੇਐਮ) ਅਤੇਸੀਨੀਅਰ ਸਹਾਇਕ ਕਮ ਇੰਸਪੈਕਟਰ ਦੀਆਂ ਅਸਾਮੀਆਂ ਦੇ ਇਸ਼ਤਿਹਾਰ ਲਈ ਆਨਲਾਈਨ ਅਪਲਾਈ ਕਰਨ ਦੀ ਅੰਤਿਮ ਮਿਤੀ ਵਿੱਚ 28/10/2023 ਤੱਕ ਅਤੇ ਫੀਸ ਭਰਨ ਦੀ ਅੰਤਿਮ ਮਿਤੀ ਵਿੱਚ 31/10/2023 ਤੱਕ ਦਾ ਵਾਧਾ ਕੀਤਾ ਜਾਂਦਾ ਹੈ।

ਮਿਤੀ: 20/10/2023

-ਸਹੀ-
ਸਹਾਇਕ ਡਾਇਰੈਕਟਰ
ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

**ਇਸ਼ਤਿਹਾਰ 6 ਆਫ 2023** **ਕੁਲ ਅਸਾਮੀਆਂ ਦੀ ਗਿਣਤੀ - 345**


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾਂ | 2 |
| 3. | ਅਸਾਮੀਆਂ ਦਾ ਵਿਸਥਾਰਪੂਰਵਰਕ ਕੈਟਾਗਰੀ-ਵਾਈਜ਼ ਵਰਗੀਕਰਨ | 3-8 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 8-9 |
| 5. | ਤਨਖਾਹ ਸਕੇਲ ਅਤੇ ਭੱਤੇ | 10 |
| 6. | ਵਿੱਦਿਅਕ ਯੋਗਤਾ | 10-11 |
| 7. | ਉਮਰ ਸੀਮਾ | 11 |
| 8. | ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ | 12 |
| 9. | ਫੀਸ ਸਬੰਧੀ ਵੇਰਵਾ | 12 |
| 10. | ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ | 12-14 |
| 11. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 14 |
| 12. | ਅਪਲਾਈ ਕਰਨ ਦੀ ਵਿਧੀ | 14-16 |
| 13 | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 16-17 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:**

| | |
|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | **25-08-2023** |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | **06-09-2023** |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ:** | **29-09-2023 (ਸ਼ਾਮ 5:00 ਵਜੇ ਤੱਕ)** |
| **ਫੀਸ ਭਰਨ ਦੀ ਆਖਰੀ ਮਿਤੀ:** | **05-10-2023** |

1.. **ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਬੀ ਅਤੇ ਗਰੁੱਪ-ਸੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

2. **ਵਿਸਥਾਰ ਪੂਰਵਕ ਸੂਚਨਾ**

ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ, ਪੰਜਾਬ ਮਿਉਂਸਪਲ ਭਵਨ, ਪਲਾਟ ਨੰਬਰ -3, ਸੈਕਟਰ- 35, ਚੰਡੀਗੜ੍ਹ ਤੋਂ ਪ੍ਰਾਪਤ ਮੰਗ ਪੱਤਰ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ ਵੱਖ ਵੱਖ ਕਾਡਰ ਦੀਆਂ ਗਰੁੱਪ-ਬੀ ਦੀ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਯੋਗ ਉਮੀਦਵਾਰਾਂ ਤੋਂ ਮਿਤੀ 06/09/2023 ਤੋਂ 29/09/2023, ਸ਼ਾਮ 05:00 ਵਜੇ ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

ਪੋਸਟਾਂ ਦਾ ਵਰਗੀਕਰਨ

| ਲੜੀ ਨੰ | ਡਿਪਾਰਟਮੈਂਟ | ਅਸਾਮੀ ਦਾ ਨਾਮ | ਗਿਣਤੀ |
|---|---|---|---|
| 1. | ਨਗਰ ਨਿਗਮਾਂ | ਜੂਨੀਅਰ ਇੰਜੀਨੀਅਰ (ਸਿਵਲ) | 50 |
| | | ਜੂਨੀਅਰ ਇੰਜੀਨੀਅਰ (ਓ ਅਤੇ ਐਮ) (ਸਿਵਲ) | 44 |
| | | ਸੀਨੀਅਰ ਸਹਾਇਕ / ਇੰਸਪੈਕਟਰ | 136 |
| 2. | ਨਗਰ ਕੌਂਸਲਾਂ-ਨਗਰ ਪੰਚਾਇਤਾਂ | ਜੂਨੀਅਰ ਇੰਜੀਨੀਅਰ (ਸਿਵਲ) | 39 |
| | | ਸੀਨੀਅਰ ਸਹਾਇਕ / ਇੰਸਪੈਕਟਰ | 48 |
| 3. | ਨਗਰ ਸੁਧਾਰ ਟਰਸਟਾਂ | ਜੂਨੀਅਰ ਇੰਜੀਨੀਅਰ | 28 |
| ਕੁਲ ਪੋਸਟਾਂ | | | 345 |

3. **ਅਸਾਮੀਆਂ ਦਾ ਵਿਸਥਾਰਪੂਰਵਰਕ ਸ਼੍ਰੇਣੀਵਾਈਜ਼ ਵਰਗੀਕਰਨ ਹੇਠ ਅਨੁਸਾਰ ਹੈ -**

| **ਵਿਭਾਗ - ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ** | | | |
|---|---|---|---|
| ਡਿਪਾਰਟਮੈਂਟ - ਨਗਰ ਨਿਗਮਾਂ (ਖੇਤਰੀ ਨਗਰ ਨਿਗਮ ਕਾਡਰ) | | | |
| ਅਸਾਮੀ ਦਾ ਨਾਮ - ਜੂਨੀਅਰ ਇੰਜੀਨੀਅਰ (ਸਿਵਲ) | | | |
| ਅਸਾਮੀਆਂ ਦੀ ਗਿਣਤੀ - 50 | | | |
| S.No. | Category | (A) Total No. of Posts (mention backlog, if any) | (B) Posts reserved for women (Out of A) |
| 1 | GENERAL | 19 | 06 |
| 2 | SC (M&B) | 06 | 03 |
| | SC (R&O) | 05 | 02 |
| 3 | BC | 05 | 02 |
| 4 | EXSERVICEMEN GENERAL | 04 | 02 |
| | EXSERVICEMEN SC (M&B) | 01 | 00 |
| | EXSERVICEMEN SC (R&O) | 00 | 00 |
| | EXSERVICEMEN BC | 01 | 00 |
| 5 | SPORTS GENERAL | 01 | 01 |
| | SPORTS SC (M&B) | 01 | 00 |
| | SPORTS SC (R&O) | 00 | 00 |
| 6 | PHYSICALLY HANDICAPPED ORTHO | 00 | 00 |
| | PHYSICALLY HANDICAPPED VISUALLY IMAPAIRED | 01 | 00 |
| | PHYSICALLY HANDICAPPED HEARING IMPAIRED | 01 | 00 |
| | PHYSICALLY HANDICAPPED I.D/M.D | 00 | 00 |
| 7. | FREEDOM FIGHTER | 00 | 00 |
| 8. | ECONOMICALLY WEAKER SECTION | 05 | 02 |
| | Total | 50 | 18 |

| **ਵਿਭਾਗ - ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ** | | | |
|---|---|---|---|
| ਡਿਪਾਰਟਮੈਂਟ - ਨਗਰ ਨਿਗਮਾਂ (ਖੇਤਰੀ ਦਫਤਰ ਨਗਰ ਨਿਗਮ ਕਾਡਰ) | | | |
| ਅਸਾਮੀ ਦਾ ਨਾਮ - ਜੂਨੀਅਰ ਇੰਜੀਨੀਅਰ (ਓ ਅਤੇ ਐਮ) (ਸਿਵਲ) | | | |
| ਅਸਾਮੀਆਂ ਦੀ ਗਿਣਤੀ - 44 | | | |
| S.No. | Category | (A) Total No. of Posts (mention backlog, if any) | (B) Posts reserved for women (Out of A) |

| | | | |
|---|---|---|---|
| 1 | GENERAL | 17 | 05 |
| 2 | SC (M&B) | 05 | 02 |
| | SC (R&O) | 04 | 02 |
| 3 | BC | 04 | 02 |
| 4 | EXSERVICEMEN GENERAL | 04 | 02 |
| | EXSERVICEMEN SC (M&B) | 01 | 00 |
| | EXSERVICEMEN SC (R&O) | 00 | 00 |
| | EXSERVICEMEN BC | 01 | 00 |
| 5 | SPORTS GENERAL | 01 | 01 |
| | SPORTS SC (M&B) | 01 | 00 |
| | SPORTS SC (R&O) | 00 | 00 |
| 6 | PHYSICALLY HANDICAPPED ORTHO | 00 | 00 |
| | PHYSICALLY HANDICAPPED VISUALLY IMAPAIRED | 01 | 00 |
| | PHYSICALLY HANDICAPPED HEARING IMPAIRED | 01 | 00 |
| | PHYSICALLY HANDICAPPED I.D/M.D | 00 | 00 |
| 7. | FREEDOM FIGHTER | 00 | 00 |
| 8. | ECONOMICALLY WEAKER SECTION | 04 | 02 |
| | Total | 44 | 16 |

| **ਵਿਭਾਗ - ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ** | | | |
|---|---|---|---|
| ਡਿਪਾਰਟਮੈਂਟ - ਨਗਰ ਕੌਂਸਲਾਂ-ਨਗਰ ਪੰਚਾਇਤਾਂ (ਖੇਤਰੀ ਦਫਤਰ ਦੀਆਂ) | | | |
| ਅਸਾਮੀ ਦਾ ਨਾਮ - ਜੂਨੀਅਰ ਇੰਜੀਨੀਅਰ (ਸਿਵਲ) | | | |
| ਅਸਾਮੀਆਂ ਦੀ ਗਿਣਤੀ - 39 | | | |
| S.No. | Category | (A) Total No. of Posts (mention backlog, if any) | (B) Posts reserved for women (Out of A) |
| 1 | GENERAL | 13 | 04 |
| 2 | SC (M&B) | 05 | 02 |
| | SC (R&O) | 03 | 01 |
| 3 | BC | 04 | 02 |
| 4 | EXSERVICEMEN GENERAL | 03 | 02 |
| | EXSERVICEMEN SC (M&B) | 1)01backlog) | -- |
| | EXSERVICEMEN SC (R&O) | 01 | -- |
| | EXSERVICEMEN BC | 01 | -- |
| 5 | SPORTS GENERAL | -- | -- |
| | SPORTS SC (M&B) | -- | -- |

| | | | |
|---|---|---|---|
| | SPORTS SC (R&O) | -- | -- |
| 6 | PHYSICALLY HANDICAPPED ORTHO | 02 | 01 |
| | PHYSICALLY HANDICAPPED VISUALLY IMAPAIRED | -- | -- |
| | PHYSICALLY HANDICAPPED HEARING IMPAIRED | -- | -- |
| | PHYSICALLY HANDICAPPED I.D/M.D | -- | -- |
| 7. | FREEDOM FIGHTER | 02 ( 1backlog) | 01 |
| 8. | ECONOMICALLY WEAKER SECTION | 04 | -- |
| | Total | 39 | 13 |

| **ਵਿਭਾਗ - ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ** | | | |
|---|---|---|---|
| ਡਿਪਾਰਟਮੈਂਟ - ਨਗਰ ਸੁਧਾਰ ਟਰਸਟਾਂ (ਖੇਤਰੀ ਦਫਤਰ) | | | |
| ਅਸਾਮੀ ਦਾ ਨਾਮ - ਜੂਨੀਅਰ ਇੰਜੀਨੀਅਰ | | | |
| ਅਸਾਮੀਆਂ ਦੀ ਗਿਣਤੀ - 28 | | | |
| S.No. | Category | (A) Total No. of Posts (mention backlog, if any) | (B) Posts reserved for women (Out of A) |
| 1 | GENERAL | 9 | 3 |
| 2 | SC (M&B) | 3 | 1 |
| | SC (R&O) | 2 | 1 |
| 3 | BC | 3 | 1 |
| 4 | EXSERVICEMEN GENERAL | 2 (1 Backlog)=3 | 1 |
| | EXSERVICEMEN SC (M&B) | 1 (Backlog) | |
| | EXSERVICEMEN SC (R&O) | 1 | |
| | EXSERVICEMEN BC | 1 (Backlog) | |
| 5 | SPORTS GENERAL | 1 (Backlog) | |
| | SPORTS SC (M&B) | 1 (Backlog) | |
| | SPORTS SC (R&O) | -- | |
| 6 | PHYSICALLY HANDICAPPED ORTHO | -- | |
| | PHYSICALLY HANDICAPPED VISUALLY IMAPAIRED | -- | |
| | PHYSICALLY HANDICAPPED HEARING IMPAIRED | -- | |
| | PHYSICALLY HANDICAPPED I.D/M.D | -- | |
| 7. | FREEDOM FIGHTER | 1 | |
| 8. | ECONOMICALLY WEAKER SECTION | 2 | |
| | Total | 28 | 7 |

ਨਗਰ ਨਿਗਮਾਂ (ਖੇਤਰੀ ਦਫਤਰਾਂ ਲਈ), ਸੀਨੀਅਰ ਸਹਾਇਕ/ਇੰਸਪੈਕਟਰ

| **ਵਿਭਾਗ - ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ** | | | |
|---|---|---|---|
| ਡਿਪਾਰਟਮੈਂਟ - ਨਗਰ ਨਿਗਮਾਂ (ਖੇਤਰੀ ਦਫਤਰ ਨਗਰ ਨਿਗਮ ਕਾਡਰ) | | | |
| ਅਸਾਮੀ ਦਾ ਨਾਮ - ਸੀਨੀਅਰ ਸਹਾਇਕ/ਇੰਸਪੈਕਟਰ | | | |
| ਅਸਾਮੀਆਂ ਦੀ ਗਿਣਤੀ - 136 | | | |
| S.No | Category | (A) Total No. of Posts (mention backlog, if any) | (B) Posts reserved for women (Out of A) |
| 1. | GENERAL | 55 | 17 |
| 2. | SC (M&B) | 14 ( 1 backlog ) | 06 |
| | SC(R&O) | 13 (1 backlog) | 05 |
| 3. | BC | 13 (1 backlog) | 05 |
| 4. | EXSERVICEMEN GENERAL | 10 (2 backlog) | 04 |
| | EXSERVICEMEN SC(M&B) | 03 (2 backlog) | |
| | EXSERVICEMEN SC (R&O) | 03 (2 backlog) | |
| | EXSERVICEMEN BC | 03 (2 backlog) | |
| 5. | SPORTS GENERAL | 02 (1 backlog) | 01 |
| | SPORTS SC (M&B) | 01(1 backlog) | |
| | SPORTS SC (R&O) | -- | -- |
| | SPORTS BC | -- | -- |
| 6. | PHYSICALLY HANDICAPPED ORTHO | 01 | -- |
| | PHYSICALLY HANDICAPPED VISUALLY IMPAIRED | 01 | 01 |
| | PHYSICALLY HANDICAPPED HEARING IMPAIRED | 01 | -- |
| | PHYSICALLY HANDICAPPED I.D/M.D | 01 | -- |
| 7. | FREEDOM FIGHTER | 01(1 backlog) | -- |
| 8. | ECONOMICALLY WEAKER SECTION | 14 | 06 |
| | **TOTAL** | **136** | **45** |

ਨਗਰ ਕੌਂਸਲਾਂ-ਨਗਰ ਪੰਚਾਇਤਾਂ (ਖੇਤਰੀ ਦਫਤਰਾਂ ਲਈ) ਸੀਨੀਅਰ ਸਹਾਇਕ/ਇੰਸਪੈਕਟਰ

| **ਵਿਭਾਗ - ਡਾਇਰੈਕਟੋਰੇਟ, ਸਥਾਨਕ ਸਰਕਾਰ ਵਿਭਾਗ** | | | |
|---|---|---|---|
| ਡਿਪਾਰਟਮੈਂਟ - ਨਗਰ ਕੌਂਸਲਾਂ-ਨਗਰ ਪੰਚਾਇਤਾਂ (ਖੇਤਰੀ ਦਫਤਰ) | | | |
| ਅਸਾਮੀ ਦਾ ਨਾਮ - ਸੀਨੀਅਰ ਸਹਾਇਕ/ਇੰਸਪੈਕਟਰ | | | |
| ਅਸਾਮੀਆਂ ਦੀ ਗਿਣਤੀ - 48 | | | |
| S.No | Category | (A) Total No. of Posts (mention backlog, if | (B) Posts reserved for women (Out of A) |

| | | | |
|---|---|---|---|
| | | any) | |
| 1. | GENERAL | 19 | 06 |
| 2. | SC (M&B) | 05 | 02 |
| | SC(R&O) | 05 | 02 |
| 3. | BC | 05 | 02 |
| 4. | EXSERVICEMEN GENERAL | 04 | 02 |
| | EXSERVICEMEN SC(M&B) | 01 | -- |
| | EXSERVICEMEN SC (R&O) | -- | -- |
| | EXSERVICEMEN BC | 01 | -- |
| 5. | SPORTS GENERAL | 01 | 01 |
| | SPORTS SC (M&B) | 01 | -- |
| | SPORTS SC (R&O) | -- | -- |
| | SPORTS BC | -- | -- |
| 6. | PHYSICALLY HANDICAPPED ORTHO | 01 | 01 |
| | PHYSICALLY HANDICAPPED VISUALLY IMPAIRED | 01 | 01 |
| | PHYSICALLY HANDICAPPED HEARING IMPAIRED | -- | -- |
| | PHYSICALLY HANDICAPPED I.D/M.D | -- | -- |
| 7. | FREEDOM FIGHTER | -- | --- |
| 8. | ECONOMICALLY WEAKER SECTION | 04 | 02 |
| | **TOTAL** | **48** | **19** |

**ਨੋਟ:**

(ੳ) ਜਿਨ੍ਹਾ ਉਮੀਦਵਾਰਾਂ ਦੁਆਰਾ ਉਪਰੋਕਤ ਦਰਸਾਈ ਗਰੁੱਪ-ਬੀ ਦੀਆਂ 345 ਪੋਸਟਾਂ ਵਿੱਚ ਮਿਤੀ 01-7-2015 ਦੇ ਸਥਾਨਕ ਸਰਕਾਰ ਦੇ ਇਸ਼ਤਿਹਾਰ ਦੁਆਰਾ ਅਪਲਾਈ ਕਰਕੇ ਸਫਲਤਾਪੂਰਵਰਕ ਫੀਸ ਭਰੀ ਗਈ ਸੀ, ਉਨ੍ਹਾ ਉਮੀਦਵਾਰਾਂ ਵੱਲੋਂ ਮਾਨਯੋਗ ਹਾਈ ਕੋਰਟ ਦੇ ਸਿਵਲ ਰਿੱਟ ਪਟੀਸ਼ਨ 659 ਆਫ 2018 ਅਤੇ ਹੋਰ connected ਕੇਸਾਂ ਵਿੱਚ ਹੋਏ ਹੁਕਮ ਲਾਗੂ ਹੋਣਗੇ ਜੋ ਕਿ ਹੇਠ ਅਨੁਸਾਰ ਹਨ-

(i) Recruitment process for 456 posts lying in the aforesaid cadres be started afresh. Those candidates who applied pursuant to public notice dated 01.07.2015 need not charged for fee again;

(ii) The candidates who applied pursuant to public notice dated 01.07.2015 if have become over-age they be granted relaxation in age in terms of Rule 19 of PCS (General and Common Conditions of Service) Rules, 1994;

(iii) All those fresh candidates who are eligible as per eligibility conditions will be allowed to apply.

ਇਸਲਈ ਮਿਤੀ 01.07.2015 ਦੇ ਸਥਾਨਕ ਸਰਕਾਰ ਦੁਆਰਾ ਪਰਕਾਸ਼ਿਤ ਇਸ਼ਤਿਹਾਰ ਵਿੱਚ ਅਪਲਾਈ ਕਰਕੇ ਸਫਲਤਾਪੂਰਵਰਕ ਫੀਸ ਭਰਨ ਵਾਲੇ ਉਮੀਦਵਾਰਾਂ ਵੱਲੋਂ ਇਸ ਇਸ਼ਤਿਹਾਰ ਵਿੱਚ ਦੁਬਾਰਾ ਅਪਲਾਈ ਕਰਨਾ ਲਾਜਮੀ ਹੋਵੇਗਾ ਪਰ ਇਨ੍ਹਾ ਦੁਬਾਰਾ ਆਪਲਾਈ ਕਰਨ ਵਾਲੇ ਉਮੀਦਵਾਰਾਂ ਵੱਲੋਂ ਕੋਈ ਫੀਸ ਨਹੀਂ ਲਈ ਜਾਵੇਗੀ।

(ਅ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਵਿਭਾਗ ਵੱਲੋਂ ਪ੍ਰਾਪਤ ਮੰਗ ਪੱਤਰ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ਼ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜ਼ਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜ਼ਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ ਜਾਂ ਇਸ਼ਤਿਹਾਰ ਨੂੰ ਮੂਲ ਰੂਪ ਵਿੱਚ ਵਾਪਿਸ ਲਿਆ ਜਾ ਸਕਦਾ ਹੈ। ਅਜਿਹੀ ਹਰ ਤਰਾਂ ਦੀ ਕਾਰਵਾਈ ਸਮੂਲ ਉਮੀਦਵਾਰਾਂ ਤੇ ਲਾਗੂ ਹੋਵੇਗੀ।

(ੲ) ਸਮਰੱਥ ਅਥਾਰਟੀ ਵੱਲੋਂ ਜੇਕਰ ਕਿਸੇ ਨਵੇਂ ਵਿਭਾਗ ਤੋਂ ਉਪਰੋਕਤ ਦਰਸਾਈ ਹੋਰ ਅਸਾਮੀਆਂ ਪ੍ਰਾਪਤ ਹੁੰਦੀਆਂ ਹਨ ਤਾ ਬੋਰਡ ਦੁਆਰਾ ਅਸਾਮੀਆਂ ਦੀ ਗਿਣਤੀ ਵਧਾਉਣ ਸਬੰਧੀ, ਇਸ ਭਰਤੀ ਵਿਚ ਸੋਧ ਕੀਤੀ ਜਾ ਸਕਦੀ ਹੈ। ਅਜੇਹੀ ਹਰ ਤਰ੍ਹਾ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਣਗੀਆਂ।

(ਸ) ਸਾਬਕਾ ਫੌਜ਼ੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜ਼ੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

**(ਹ)** ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ **08/05/2020** ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ ਖੁਦ ਜਾਂ ਸਾਬਕਾ ਫੌਜ਼ੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ **:-**

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second provision."

**4. ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ:-**

| Sr. No. | Category | Code |
|---|---|---|
| 1 | General | 101 |
| 2 | Economically Weaker Section (GEN) | 102 |
| 3 | S.C. (Mazhbi & Balmiki) | 103 |
| 4 | S.C. (Ramdasia & Others) | 104 |

| | | |
|---|---|---|
| 5 | B.C. (Backward Class) | 105 |
| 6 | Ex. Service Men-General (Self) | 106 |
| 7 | Ex. Service Men-General (Dependent) | 107 |
| 8 | Ex. Service Men –S.C.(Mazhbi & Balmiki) (Self) | 108 |
| 9 | Ex. Service Men –S.C. (Mazhbi & Balmiki) (Dependent) | 109 |
| 10 | ESM S.C (R & O) (Self) | 110 |
| 11 | ESM S.C (R & O) (Dependent) | 111 |
| 12 | ESM B.C (Self) | 112 |
| 13 | ESM B.C (Dependent) | 113 |
| 14. | Sports General | 114 |
| 15. | Sports –S.C.(Mazhbi & Balmiki) | 115 |
| 16. | Sports –S.C.( R & O) | 116 |
| 17. | Physical handicapped (Ortho) | 117 |
| 18. | Physical handicapped (VH) | 118 |
| 19. | Physical handicapped (HH) | 119 |
| 20. | Physical handicapped (MI /MD) | 120 |
| 21. | Freedom fighter | 121 |

General - ਆਮ ਵਰਗ,

EWS (Gen.) -ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ),

S.C. (M&B) -ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ),

S.C. (R&O) -ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ),

B.C. -ਪੱਛਣੀ ਸ੍ਰੇਣੀ,

ESM Gen.(Self) -ਸਾਬਕਾ ਫੌਜੀ-ਆਮ ਵਰਗ (ਖੁਦ),

ESM Gen.(Dependent) -ਸਾਬਕਾ ਫੌਜੀ-ਆਮ ਵਰਗ (ਆਸ਼ਰਿਤ),

ESM {S.C(M&B)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}(ਖੁਦ),

ESM {S.C(M&B)}(Dependent) -ਸਾਬਕਾ ਫੌਜੀ-ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)ਆਸ਼ਰਿਤ

ESM {S.C(R&O)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਖੁਦ),

ESM {S.C(R&O)}(Dependent) -ਸਾਬਕਾ ਫੌਜੀ {ਅਨੁਸੂਚਿਤ ਜਾਤੀ(ਰਾਮਦਾਸੀਆ ਤੇ ਹੋਰ)ਆਸ਼ਰਿਤ

ESM B.C.(Self) -ਸਾਬਕਾ ਫੌਜੀ- ਪੱਛੜੀ ਸ੍ਰੇਣੀ (ਖੁਦ),

ESM B.C.(Dependent) -ਸਾਬਕਾ ਫੌਜੀ- ਪੱਛੜੀ ਸ੍ਰੇਣੀ (ਆਸ਼ਰਿਤ),

Sports General -ਖਿਡਾਰੀ ਆਮ ਵਰਗ,

Sports {S.C. (M&B)} -ਖਿਡਾਰੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)},

Sports {SC(R&O)} -ਖਿਡਾਰੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)},

P.H. (Ortho) -ਦਿਵਿਆਂਗਜਨ (ਆਰਥੋ),

P.H. (I.D. / M.D.) -ਦਿਵਿਆਂਗਜਨ (I.D./M.D.),

P.H. (Hearing Impaired) -ਦਿਵਿਆਂਗਜਨ (ਗੁੰਗੇ ਅਤੇ ਬੋਲੇ),

P.H. ( visually Impaired) -ਦਿਵਿਆਂਗਜਨ (ਨੇਤਰਹੀਨ/ਅੰਸ਼ਿਕ ਨੇਤਰਹੀਨ),

Freedom Fighter -ਸੁਤੰਤਰਤਾ ਸੰਗਰਾਮੀ।

**5. ਤਨਖਾਹ ਸਕੇਲ ਅਤੇ ਭੱਤੇ:-**

(i) 35,400/- (Pay scale as per 7th CPC/pay matrix and report of the in house committee. (minimum pay admissible)).

(ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਅਤੇ ਸਮੇਂ ਸਮੇਂ ਤੇ ਇਸ ਸਬੰਧੀ ਜਾਰੀ ਹੋਏ ਪੱਤਰ ਲਾਗੂ ਹੋਣਗੇ।)

**6. ਵਿਦਿਅਕ ਯੋਗਤਾ**

| **ਡਿਪਾਰਟਮੈਂਟ** | **ਅਸਾਮੀ ਦਾ ਨਾਮ** | **ਵਿਦਿਅਕ ਯੋਗਤਾ** |
|---|---|---|
| ਨਗਰ ਨਿਗਮਾਂ | ਜੂਨੀਅਰ ਇੰਜੀਨੀਅਰ (ਸਿਵਲ) | Should possess minimum Three Year Diploma in Civil Engineering from State Technical Education Board or from a Government recognized University or Institution. Higher Qualification in the relevant discipline. |
| | ਜੂਨੀਅਰ ਇੰਜੀਨੀਅਰ (ਓ ਅਤੇ ਐਮ) (ਸਿਵਲ) | |
| ਨਗਰ ਕੌਂਸਲਾਂ-ਨਗਰ ਪੰਚਾਇਤਾਂ | ਜੂਨੀਅਰ ਇੰਜੀਨੀਅਰ (ਸਿਵਲ) | |
| ਨਗਰ ਸੁਧਾਰ ਟਰਸਟਾਂ | ਜੂਨੀਅਰ ਇੰਜੀਨੀਅਰ | |

| **ਡਿਪਾਰਟਮੈਂਟ** | **ਅਸਾਮੀ ਦਾ ਨਾਮ** | **ਵਿਦਿਅਕ ਯੋਗਤਾ** |
|---|---|---|
| ਨਗਰ ਨਿਗਮਾਂ | ਸੀਨੀਅਰ ਸਹਾਇਕ/ਇੰਸਪੈਕਟਰ | (a) Graduation with 50% marks from a Government recognized University or Institution.<br>(b) Qualify Punjabi and English typewriting test(at typewriter or a computer) at a speed of 30 words per minute: and<br>(c) Possess at least one hundred and twenty hours course with hands on experience in the use of personal computer or information Technology in office productivity application or desktop publishing application from Govt recognized institution or a reputed institution, which is ISO 9001 Certified. |
| ਨਗਰ ਕੌਂਸਲਾਂ-ਨਗਰ ਪੰਚਾਇਤਾਂ | ਸੀਨੀਅਰ ਸਹਾਇਕ/ਇੰਸਪੈਕਟਰ | |

**ਨੋਟ:-** **1.** Punjab Civil Servises (General and Common Conditions of services) rules, 1994 ਦੇ ਅਨੁਸਾਰ ਘੱਟ ਤੋਂ ਘੱਟ ਦੱਸਵੀ ਪੱਧਰ ਦੀ ਪੰਜਾਬੀ ਪ੍ਰੀਖਿਆ ਪਾਸ ਕੀਤੀ ਹੋਵੇ।

**2.** ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਭਾਵ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

**7. ਉਮਰ ਸੀਮਾ:-**

**ਨੋਟ- (ਮਿਤੀ 01.07.2015 ਦੇ ਸਥਾਨਕ ਸਰਕਾਰ ਦੇ ਇਸ਼ਤਿਹਾਰ ਵਿੱਚ ਪਹਿਲਾਂ ਅਪਲਾਈ ਕਰਕੇ ਸਫਲਤਾਪੂਰਵਰਕ ਫੀਸ ਭਰਨ ਵਾਲੇ ਵਾਲੇ ਉਮੀਦਵਾਰਾਂ ਵੱਲੋਂ ਨਵੇਂ ਇਸ਼ਤਿਹਾਰ ਵਿੱਚ ਦੁਬਾਰਾ ਅਪਲਾਈ ਕਰਨ ਸਮੇਂ ਉਮਰ ਸੀਮਾਂ ਵਿੱਚ ਮਾਨਯੋਗ ਹਾਈ ਕੋਰਟ ਦੇ ਸਿਵਲ ਰਿੱਟ ਪਟੀਸ਼ਨ 659 ਆਫ 2018 ਅਤੇ ਹੋਰ ਕੇਸਾਂ ਵਿੱਚ ਹੋਏ ਫੈਸਲੇ ਅਨੁਸਾਰ age relaxation ਦਿੱਤੀ ਜਾਵੇਗੀ।)**

ਉਪਰੋਕਤ ਅਸਾਮੀਆਂ ਲਈ ਨਵੇ ਸਿਰੇ ਤੋਂ ਅਪਲਾਈ ਕਰਨ ਵਾਲੇ ਉਮੀਦਵਾਰਾਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2023 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮ੍ਹਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ 10 ਸਾਲ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(VI) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

**ਨੋਟ:-** **ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ ਅਪਲਾਈ ਕਰਨ ਤੋਂ ਪਹਿਲਾਂ NOC ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**8. Reservation / ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-**

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ/EWS ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

**9. ਫੀਸ ਸਬੰਧੀ ਵੇਰਵਾ:-**

**ਨੋਟ -** **(ਮਿਤੀ 01.07.2015 ਦੇ ਸਥਾਨਕ ਸਰਕਾਰ ਦੇ ਇਸ਼ਤਿਹਾਰ ਵਿੱਚ ਉਪਰੋਕਤ ਦਰਸਾਈ ਪੋਸਟਾਂ ਵਿੱਚ ਪਹਿਲਾਂ ਤੋਂ ਅਪਲਾਈ ਕਰਕੇ ਸਫਲਤਾਪੂਰਵਰਕ ਫੀਸ ਭਰਨ ਵਾਲੇ ਉਮੀਦਵਾਰਾਂ ਵੱਲੋਂ ਇਸ ਇਸ਼ਤਿਹਾਰ ਵਿੱਚ ਦੁਬਾਰਾ ਅਪਲਾਈ ਕਰਨ ਤੇ ਮਾਨਯੋਗ ਹਾਈ ਕੋਰਟ ਦੇ ਸਿਵਲ ਰਿੱਟ ਪਟੀਸ਼ਨ 659 ਆਫ 2018 ਅਤੇ ਹੋਰ ਕੇਸਾਂ ਵਿੱਚ ਹੋਏ ਫੈਸਲੇ ਅਨੁਸਾਰ ਦੁਬਾਰਾ ਫੀਸ ਨਹੀਂ ਲਈ ਜਾਵੇਗੀ।)**

| | | |
|---|---|---|
| ਆਮ ਵਰਗ (GEN)/ਸੁਤੰਤਰਤਾ ਸੰਗਰਾਮੀ/ਖਿਡਾਰੀ | - | 1000/- ਰੁ: |
| ਐਸ.ਸੀ.(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) | - | 250/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) | - | 200/- ਰੁ: |
| ਦਿਵਿਆਂਗਜਨ (Handicapped) | - | 500/- ਰੁ: |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।**

**10. ਚੋਣ ਵਿਧੀ/ਪ੍ਰੀਖਿਆ ਸਬੰਧੀ ਜਾਣਕਾਰੀ:-**

1.0 **ਜੂਨੀਅਰ ਇੰਜੀਨੀਅਰ ਸਿਵਲ/ਜੂਨੀਅਰ ਇੰਜੀਨੀਅਰ ਸਿਵਲ (ਓ ਅਤੇ ਐਮ) ਅਤੇ ਜੂਨੀਅਰ ਇੰਜੀਨੀਅਰ ਲਈ ਚੋਣ ਵਿਧੀ -**

1.1 **ਸਥਾਨਕ ਸਰਕਾਰ ਵਿਭਾਗ ਦੇ ਨਗਰ ਨਿਗਮਾਂ/ਨਗਰ ਕੌਂਸਲਾਂ-ਨਗਰ ਪੰਚਾਇਤਾਂ ਅਤੇ ਨਗਰ ਸੁਧਾਰ ਟਰਸਟ ਡਿਪਾਰਟਮੈਂਟਾਂ ਦੇ ਜੂਨੀਅਰ ਇੰਜੀਨੀਅਰ ਸਿਵਲ/ਜੂਨੀਅਰ ਇੰਜੀਨੀਅਰ ਸਿਵਲ (ਓ ਅਤੇ ਐਮ) ਅਤੇ ਜੂਨੀਅਰ ਇੰਜੀਨੀਅਰ ਦੀਆਂ ਕੁਲ 161 ਅਸਾਮੀਆਂ** (ਜਿਨ੍ਹਾ ਦੀ ਵਿਦਿਅਕ ਯੋਗਤਾ same ਹੈ) ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ ਕੇਵਲ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਵੇਗੀ। ਹਰ ਪੱਖੋਂ ਮੁਕੰਮਲ ਆਨਲਾਈਨ ਪ੍ਰਤੀਬੇਨਤੀਆਂ ਪ੍ਰਾਪਤ ਹੋਣ ਤੋਂ ਬਾਅਦ ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ Online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸੰਭਾਵਤ ਸਿਲੇਬਸ ਅਤੇ ਪੈਟਰਨ (Pattern) ਬਾਅਦ ਵਿੱਚ ਬੋਰਡ ਦੀ ਵੈਬਸਾਈਟ ਤੇ ਅਪਲੋਡ ਕੀਤਾ ਜਾਵੇਗਾ। Objective type ਲਿਖਤੀ ਪ੍ਰੀਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ ਅਤੇ ਪ੍ਰੀਖਿਆ ਕੇਂਦਰ ਆਦਿ ਸਿਰਫ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਹੀ ਅਪਲੋਡ (upload) ਕੀਤੇ ਜਾਣਗੇ। ਇਸ ਕਰਕੇ ਉਮੀਦਵਾਰਾਂ ਵਲੋਂ

(Latest updates) ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ-ਵਿਹਾਰ ਨਹੀਂ ਕੀਤਾ ਜਾਵੇਗਾ। ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

1.2 ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

2.0 **ਨਗਰ ਨਿਗਮਾਂ ਅਤੇ ਨਗਰ ਕੌਂਸਲਾਂ-ਨਗਰ ਪੰਚਾਇਤਾਂ ਡਿਪਾਰਟਮੈਂਟਾਂ ਦੇ ਸੀਨੀਅਰ ਸਹਾਇਕ ਕਮ ਇੰਸਪੈਕਟਰ ਲਈ ਚੋਣ ਵਿਧੀ -**

2.1 **ਸਥਾਨਕ ਸਰਕਾਰ ਵਿਭਾਗ ਦੇ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ-ਨਗਰ ਪੰਚਾਇਤਾਂ ਡਿਪਾਰਟਮੈਂਟਾਂ ਦੇ ਸੀਨੀਅਰ ਸਹਾਇਕ ਕਮ ਇੰਸਪੈਕਟਰ ਦੀਆਂ 184 ਅਸਾਮੀਆਂ** ਲਈ ਸਫਲਤਾਪੂਰਵਰਕ ਬਿਨੈ ਕਰਨ ਵਾਲੇ ਉਮੀਦਵਾਰਾਂ ਦੀ (ਜਿਨ੍ਹਾ ਦੀ ਵਿਦਿਅਕ ਯੋਗਤਾ same ਹੈ) ਲਈ ਸਫਲਤਾਪੂਰਵਕ ਬਿਨੈ ਕਰਨ ਵਾਲੇ ਉਮੀਦਵਾਰਾਂ ਦਾ ਪਹਿਲੀ ਸਟੇਜ ਵਿੱਚ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਵੇਗੀ। ਲਿਖਤੀ ਪ੍ਰੀਖਿਆ ਵਿੱਚ ਸਮਰਥ ਅਥਾਰਟੀ ਦੇ ਫੈਸਲੇ ਅਨੁਸਾਰ ਬੁਲਾਏ ਜਾਣ ਵਾਲੇ ਉਮੀਦਵਾਰਾਂ ਦਾ ਦੂਸਰੀ ਸਟੇਜ ਵਿੱਚ ਅੰਗ੍ਰੇਜੀ ਅਤੇ ਪੰਜਾਬੀ ਵਿਚ 30 ਸ਼ਬਦ ਪ੍ਰਤੀ ਮਿੰਨਟ ਦੀ ਸਪੀਡ ਦਾ ਟਾਈਪ ਟੈਸਟ ਲਿਆ ਜਾਵੇਗਾ।

2.2 ਦੂਸਰੀ ਸਟੇਜ ਵਿੱਚ ਅੰਗ੍ਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੰਪਿਊਟਰ ਤੇ Unicode complaint Font Raavi ਵਿਚ ਲਿਆ ਜਾਵੇਗਾ।

2.3 ਅੰਗ੍ਰੇਜੀ ਅਤੇ ਪੰਜਾਬੀ ਦਾ ਟਾਈਪ ਟੈਸਟ ਕੇਵਲ Qualifying Nature ਦਾ ਹੋਵੇਗਾ ਅਤੇ ਇਹ **ਟਾਈਪ ਟੈਸਟ Qualify ਕਰਨਾ ਲਾਜਮੀ ਹੋਵੇਗਾ**। Common Merit List ਟਾਈਪ ਟੈਸਸ ਪਾਸ ਉਮੀਦਵਾਰ ਦੇ ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਵੇਗੀ। ਟਾਈਪ ਟੈਸਟ ਪਾਸ ਉਮੀਦਾਰਾਂ ਵਿਚੋਂ ਕੁਲ ਅਸਾਮੀਆਂ ਤੋਂ ਤਿੰਨ ਗੁਨਾ ਜਾ ਸਮਰੱਥ ਅਥਾਰਟੀ ਦੇ ਫੈਸਲੇ ਅਨੁਸਾਰ ਨਿਰਧਾਰਿਤ ਗਿਣਤੀ ਦੁਆਰਾ ਉਮੀਦਵਾਰਾਂ ਨੂੰ ਕਾਊਂਸਲਿੰਗ ਵਿੱਚ ਬੁਲਾਇਆ ਜਾਵੇਗਾ।

2.4 ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ

ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿੰਚ ਵੱਧ ਅੰਕ ਹਾਸਿਲ ਕਰਲ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਮੈਰਿਟ ਵਿੱਚ ਆਏ ਉਮੀਦਵਾਰਾਂ ਨੂੰ ਪਹਿਲੀ ਸਟੇਜ ਵਿੱਚ ਆਪਲਾਈ ਕਰਦੇ ਸਮੇਂ preference ਦੇ ਆਧਾਰ ਤੇ ਡਿਪਾਰਟਮੈਂਟ ਦੀ ਅਲਾਟਮੈਂਟ ਕੀਤੀ ਜਾਵੇਗੀ। ਮੈਰਿਟ ਦੇ ਆਧਾਰ ਤੇ ਅਲਾਟ ਹੋਏ ਡਿਪਾਰਟਮੈਂਟ ਵਿੱਚ ਕੋਈ ਤਬਦੀਲੀ ਨਹੀਂ ਕੀਤੀ ਜਵੇਗੀ।

2.5 ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

## 11. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਬਿਨੈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਬਿਨੈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(IX) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

## 12. ਅਪਲਾਈ ਕਰਨ ਦੀ ਵਿਧੀ:

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ “Online Applications” ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 06/09/2023 ਤੋਂ 29/09/2023, ਸ਼ਾਮ 5:00 ਵਜ਼ੇ ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਟਾਈਟਲ “Instructions for applying online” ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜ਼ੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ (**JE (civil), JE Civil (O and M) ਅਤੇ JE) ਜਾਂ (Sr Asst cum Imspector)** ਦੇ ਲਿੰਕ ਤੇ ਕਲਿਕ ਕਰਨ। ਇਸ ਉਪਰੰਤ ਉਮੀਦਵਾਰ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਗਰੈਜੁਏਸ਼ਨ, ਪੋਸਟ ਗਰੇਜੁਏਸ਼ਨ, ਕੰਪਿਊਟਰ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application --Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) **ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 05.10.2023 ਹੋਵੇਗੀ।** ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ Login ਕਰਨਗੇ। Login ਕਰਨ ਉਪਰੰਤ ਉਮੀਦਵਾਰ "Proceed to Fee Payment" ਤੇ ਕਲਿਕ ਕਰਕੇ ਅਪਣੀ ਫੀਸ ਭਰਨਗੇ।

(VI) ਉਮੀਦਵਾਰ Online Application Submit ਕਰਨ ਉਪਰੰਤ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form Submit/ਜਮ੍ਹਾਂ ਹੋਣ ਦੀ ਮਿਤੀ ਤੋਂ ਬਾਅਦ ਇੱਕ ਦਿਨ ਛੱਡ ਕੇ ਅਗਲੀ ਮਿਤੀ ਤੋਂ, ਫੀਸ ਅਦਾ ਕਰਨ ਦੀ ਆਖਰੀ ਮਿਤੀ **05.10.2023** ਸ਼ਾਮ **5:00** ਵਜੇ ਤੱਕ, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ

ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application Form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**13. ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ:**

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ). ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) **ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ / ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।**

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਂਟ ਵਿੱਚ ਇੱਕ ਹੀ ਫਾਇਲ ਵਿੱਚ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਖ) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਗ) ਲਿਖਤੀ ਪ੍ਰੀਖਿਆ, ਟਾਈਪ ਟੈਸਟ ਅਤੇ ਕਾਊਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਘ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107), 0172-2298083, ਹੈਲਪਲਾਈਨ ਨੰਬਰ 9646932955, 9041799018 ਤੇ ਅਤੇ ਈਮੇਲ ਆਈ.ਡੀ. helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਙ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**-ਸਹੀ-**

**ਚੇਅਰਮੈਨ**

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਸਥਾਨ: ਐਸ.ਏ.ਐਸ. ਨਗਰ**

**ਮਿਤੀ: 23-08-2023**